VIGILANCE BUREAU PUNJAB

# Vigilance nabs 106 persons red handed taking bribes in 77 trap cases in 2020 : BK Uppal

- 38 Punjab Police personnel, 24 of revenue officials arrested
- 11 officials dismissed from services due to conviction in various courts

Chandigarh, January 28 : Aiming to weed out corruption from the society, the Punjab Vigilance Bureau (VB) has been able to nab 92 officials which includes 7 gazetted officers (GOs) and 85 non-gazetted officials (NGOs) besides 14 private persons while accepting bribes in 77 trap cases during the last year.

Disclosing this VB Chief Director-cum-DGP B.K. Uppal said the VB has adopted a multi-facet approach to corner the bribe seekers and to generate awareness among the public with a resolute stand to curb this social malady.

He revealed that during the year, apart from other departments, 38 personnel of Punjab Police, 24 of revenue department, 5 of local bodies, 3 each from health and power departments were nabbed red handed while taking bribes in separate trap cases since January 1 to December 31, 2020 in the trap cases.

Giving details about the performance of the Bureau, Uppal added that VB had registered 59 criminal cases against 192 accused which includes 27 GOs, 67 NGOs and 98 private persons. Apart from this, 42 vigilance enquiries have also been registered to probe corruption complaints against 9 GOs, 24 NGOs and 5 private persons in the last year. Besides, 4 cases of disproportionate assets were also registered against 2 GOs and 2 NGOs.

Adopting a zero tolerance policy towards all forms of corruption, 11 NGOs have been dismissed from their services by their respective administrative departments due to conviction in various courts.

VB chief further informed that the Bureau had been able to conclude 39 vigilance enquiries during the last year. Besides this, the vigilance bureau has also issued directions/suggestions to various departments for identifying the methods of corruption.

Sharing details, Uppal said various special courts have sentenced 6 accused in 6 different cases under prevention of corruption act and awarded imprisonments upto four years. The special courts have also imposed fines varying from Rs. 10,000 to Rs. 50,000 in these cases which amount to a total sum of Rs. 2,50,000 he added.

During the vigilance awareness week, the VB has conducted a state wide campaign in which seminars and public meetings were held in urban as well as in rural areas to weed out corruption from the society and integrity pledge was also administered to all the officers and employees of the bureau," he added.

Furthermore, he added that several cases have been registered against those who were not following the Covid-19 guidelines issued by the Government and sold sanitizers and masks at exorbitant prices.

Giving details of prominent cases VB chief informed that VK Virdi DETC, Simran Brar, Vishvajeet Singh Bhangu and Rajesh Bhandari, Haryadwinder Singh Bajwa, Manjit Singh and Harmeet Singh (All A.E.T.Cs) and Piara Singh, Ravi Nandan, Varun Nagpal, Kalicharan, Satpal Multani, Ved Parkash Jakhar, Abhisheek Duggal HS Sandhu, Susheel Kumar, Japsimran Singh, Dinesh Gorh and Lakhbir

Singh (All ETOs) were also booked for conniving with transporters in evasion of taxes.

In addition, he disclosed that Varinderpal Dhoot, Harneek Singh and Rupinder Kumar (All Naib Tehsildars), Dr. Manjit Singh Babbar posted at Civil Hospital Gurdaspur, Executive Engineer PSPCL Jaswinder Pal, Director Davinder Singh Sindhu of WWICS Estate Private Ltd., Ashok Kumar Sikka retired PCS officer were also booked in different cases during the last year.

He said that VB have also registered cases during Covid-19 pandemic against Sunil Dogra Dogra Medicos, Dinesh Kumar Naveen Medicos, Dr. Mahinder Singh, Dr. Rydhm Tulhi, Dr. Sanjay Piplani, Dr. Pankaj Soni and owner of EMC hospital Pawan Arora.

525936/2021

---------------

ਵਿਜੀਲੈਂਸ ਬਿਊਰੋ ਪੰਜਾਬ

## ਵਿਜੀਲੈਂਸ ਬਿਊਰੋ ਨੇ ਸਾਲ 2020 ਦੌਰਾਨ ਰਿਸ਼ਵਤਖੋਰੀ ਲੈਂਣ ਮੌਕੇ 77 ਕੇਸਾਂ ਚ 106 ਵਿਅਕਤੀ ਕੀਤੇ ਰੰਗੇ ਹੱਥੀਂ ਕਾਬੂ : ਬੀ.ਕੇ ਉੱਪਲ

- ਪੰਜਾਬ ਪੁਲਿਸ ਦੇ 38 ਮੁਲਾਜਮ ਤੇ ਮਾਲ ਵਿਭਾਗ ਦੇ 24 ਅਧਿਕਾਰੀ ਕੀਤੇ ਗ੍ਰਿਫਤਾਰ
- ਅਦਾਲਤਾਂ ਚੋਂ ਦੋਸੀ ਸਾਬਤ ਹੋਣ ਤੇ 11 ਕਰਮਚਾਰੀਆਂ ਨੂੰ ਸੇਵਾ ਤੋਂ ਕੀਤਾ ਗਿਆ ਬਰਖਾਸਤ

ਚੰਡੀਗੜ੍ਹ, 28 ਜਨਵਰੀ : ਸਮਾਜ ਵਿੱਚੋਂ ਭ੍ਰਿਸਟਾਚਾਰ ਨੂੰ ਖਤਮ ਕਰਨ ਦੇ ਇਰਾਦੇ ਨਾਲ ਪੰਜਾਬ ਵਿਜੀਲੈਂਸ ਬਿਊਰੋ ਨੇ ਪਿਛਲੇ ਸਾਲ ਦੌਰਾਨ 77 ਮਾਮਲਿਆਂ ਵਿੱਚ ਰਿਸਵਤ ਲੈਂਦੇ ਹੋਏ 92 ਅਧਿਕਾਰੀਆਂ/ਕਰਮਚਾਰੀਆਂ ਨੂੰ ਕਾਬੂ ਕਰਨ ਵਿਚ ਸਫਲਤਾ ਹਾਸਲ ਕੀਤੀ ਜਿਨ੍ਹਾਂ ਵਿੱਚ 7 ਗਜਟਿਡ ਅਧਿਕਾਰੀਆਂ ਅਤੇ 85 ਨਾਨ-ਗਜ਼ਟਿਡ ਕਰਮਚਾਰੀਆਂ ਤੋਂ ਇਲਾਵਾ 14 ਪ੍ਰਾਈਵੇਟ ਵਿਅਕਤੀਆਂ ਸਾਮਲ ਹਨ।

ਇਸ ਸਬੰਧੀ ਜਾਣਕਾਰੀ ਦਿੰਦਿਆਂ ਵਿਜੀਲੈਂਸ ਬਿਊਰੋ ਦੇ ਚੀਫ ਡਾਇਰੈਕਟਰ-ਕਮ-ਡੀਜੀਪੀ ਸ੍ਰੀ ਬੀ.ਕੇ. ਉੱਪਲ ਨੇ ਕਿਹਾ ਕਿ ਬਿਊਰੋ ਨੇ ਰਿਸਵਤ ਲੈਣ ਵਾਲਿਆਂ ਨੂੰ ਨੱਥ ਪਾਉਣ ਅਤੇ ਇਸ ਸਮਾਜਿਕ ਬੁਰਾਈ ਨੂੰ ਠੱਲ੍ਹ ਪਾਉਣ ਲਈ ਦ੍ਰਿੜਤਾ ਨਾਲ ਲੋਕਾਂ ਵਿਚ ਜਾਗਰੂਕਤਾ ਪੈਦਾ ਕਰਨ ਲਈ ਇਕ ਬਹੁਪੱਖੀ ਪਹੁੰਚ ਅਪਣਾਈ। ਉਨ੍ਹਾਂ ਦੱਸਿਆ ਕਿ ਪਿਛਲੇ ਸਾਲ ਦੌਰਾਨ 1 ਜਨਵਰੀ ਤੋਂ 31 ਦਸੰਬਰ, 2020 ਤੱਕ ਟਰੈਪ ਲਗਾ ਕੇ ਹੋਰਨਾਂ ਵਿਭਾਗਾਂ ਤੋਂ ਇਲਾਵਾ ਪੰਜਾਬ ਪੁਲਿਸ ਦੇ 38, ਮਾਲ ਵਿਭਾਗ ਦੇ 24, ਸਥਾਨਕ ਸਰਕਾਰਾਂ ਦੇ 5, ਸਿਹਤ ਅਤੇ ਬਿਜਲੀ ਵਿਭਾਗ ਦੇ 3-3 ਕਰਮਚਾਰੀਆਂ ਨੂੰ ਰਿਸਵਤ ਲੈਂਦੇ ਹੋਏ ਰੰਗੇ ਹੱਥੀਂ ਕਾਬੂ ਕੀਤਾ ਗਿਆ।

ਬਿਊਰੋ ਦੀ ਕਾਰਗੁਜਾਰੀ ਬਾਰੇ ਜਾਣਕਾਰੀ ਦਿੰਦਿਆਂ ਸ੍ਰੀ ਉੱਪਲ ਨੇ ਕਿਹਾ ਕਿ ਵਿਜੀਲੈਂਸ ਨੇ 192 ਮੁਲਜਮਾਂ ਖਲਿਾਫ 59 ਅਪਰਾਧਿਕ ਮਾਮਲੇ ਦਰਜ ਕੀਤੇ ਜਿਨ੍ਹਾਂ ਵਿੱਚ 27 ਗਜਟਿਡ ਅਧਿਕਾਰੀ, 67 ਨਾਨ-ਗਜਟਿਡ ਕਰਮਚਾਰੀ ਅਤੇ 98 ਪ੍ਰਾਈਵੇਟ ਵਿਅਕਤੀ ਸਾਮਲ ਹਨ। ਇਸ ਤੋਂ ਇਲਾਵਾ 9 ਗਜਟਿਡ ਅਧਿਕਾਰੀ, 24 ਨਾਨ-ਗਜਟਿਡ ਕਰਮਚਾਰੀ ਅਤੇ 5 ਪ੍ਰਾਈਵੇਟ ਵਿਅਕਤੀਆਂ ਖਲਿਾਫ ਭ੍ਰਿਸਟਾਚਾਰ ਦੀਆਂ ਸਕਿਾਇਤਾਂ ਦੀ ਜਾਂਚ ਲਈ 42 ਵਿਜੀਲੈਂਸ ਜਾਂਚਾਂ ਵੀ ਦਰਜ ਕੀਤੀਆਂ ਗਈਆਂ।

ਇਸ ਤੋਂ ਇਲਾਵਾ, 2 ਗਜਟਿਡ ਅਧਿਕਾਰੀਆਂ ਅਤੇ 2 ਨਾਲ ਗਜਟਿਡ ਕਰਮਚਾਰੀਆਂ ਵਿਰੁੱਧ ਨਾਜਾਇਜ ਜਾਇਦਾਦ ਸਬੰਧੀ 4 ਮਾਮਲੇ ਵੀ ਦਰਜ ਕੀਤੇ ਗਏ।

ਭ੍ਰਿਸਟਾਚਾਰ ਪ੍ਰਤੀ ਜੀਰੋ ਸਹਿਣਸੀਲਤਾ ਦੀ ਨੀਤੀ ਅਪਣਾਉਂਦਿਆਂ 11 ਨਾਨ-ਗਜਟਿਡ ਕਰਮਚਾਰੀਆਂ ਨੂੰ ਵੱਖ-ਵੱਖ ਅਦਾਲਤਾਂ ਵਿੱਚੋਂ ਦੋਸੀ ਠਹਿਰਾਉਣ ਕਾਰਨ ਉਨ੍ਹਾਂ ਦੇ ਸਬੰਧਤ ਪ੍ਰਸਾਸਕੀ ਵਿਭਾਗਾਂ ਨੇ ਉਨ੍ਹਾਂ ਨੂੰ ਸੇਵਾ ਤੋਂ ਮੁਅੱਤਲ ਕਰ ਦਿੱਤਾ ਗਿਆ।

ਵਿਜੀਲੈਂਸ ਬਿਊਰੋ ਦੇ ਮੁਖੀ ਨੇ ਅੱਗੇ ਦੱਸਿਆ ਕਿ ਬਿਊਰੋ ਵਲੋਂ ਪਿਛਲੇ ਸਾਲ 39 ਵਿਜੀਲੈਂਸ ਜਾਂਚਾਂ ਨੂੰ ਮੁਕੰਮਲ ਕੀਤਾ ਗਿਆ। ਇਸ ਤੋਂ ਇਲਾਵਾ ਬਿਊਰੋ ਨੇ ਭ੍ਰਿਸਟਾਚਾਰ ਦੇ ਤਰੀਕਿਆਂ ਦੀ ਪਛਾਣ ਕਰਨ ਲਈ ਵੱਖ-ਵੱਖ ਵਿਭਾਗਾਂ ਨੂੰ ਨਿਰਦੇਸ / ਸੁਝਾਅ ਵੀ ਜਾਰੀ ਕੀਤੇ।

ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ ਸ੍ਰੀ ਉੱਪਲ ਨੇ ਕਿਹਾ ਕਿ ਵੱਖ-ਵੱਖ ਵਿਸੇਸ ਅਦਾਲਤਾਂ ਨੇ ਭ੍ਰਿਸਟਾਚਾਰ ਰੋਕੂ ਕਾਨੂੰਨ ਅਧੀਨ 6 ਵੱਖ-ਵੱਖ ਮਾਮਲਿਆਂ ਵਿੱਚ 6 ਦੋਸੀਆਂ ਨੂੰ ਚਾਰ ਸਾਲ ਤੱਕ ਦੀ ਕੈਦ ਦੀ ਸਜਾ ਸੁਣਾਈ ਗਈ ਅਤੇ ਇਨ੍ਹਾਂ ਕੇਸਾਂ ਵਿਚ 10,000 ਰੁਪਏ ਤੋਂ 50,000 ਰੁਪਏ ਤੱਕ ਦੇ ਜੁਰਮਾਨੇ ਵੀ ਕੀਤੇ ਗਏ ਅਤੇ ਕੁੱਲ ਮਿਲਾ ਕੇ ਇਹ ਜੁਰਮਾਨਾ 2,50,000 ਰੁਪਏ ਬਣਦਾ ਹੈ।

ਉਹਨਾਂ ਕਿਹਾ ਕਿ ਚੌਕਸੀ ਜਾਗਰੂਕਤਾ ਹਫਤੇ ਦੌਰਾਨ, ਵਿਜੀਲੈਂਸ ਬਿਊਰੋ ਵੱਲੋਂ ਸੂਬਾ ਪੱਧਰੀ ਵਿਆਪਕ ਮੁਹਿੰਮ ਚਲਾਈ ਗਈ ਜਿਸ ਵਿੱਚ ਸਮਾਜ ਤੋਂ ਭ੍ਰਿਸਟਾਚਾਰ ਨੂੰ ਖਤਮ ਕਰਨ ਲਈ ਸਹਿਰਾਂ ਦੇ ਨਾਲ-ਨਾਲ ਪੇਂਡੂ ਖੇਤਰਾਂ ਵਿੱਚ ਸੈਮੀਨਾਰ ਅਤੇ ਜਨਤਕ ਮੀਟਿੰਗਾਂ ਕੀਤੀਆਂ ਗਈਆਂ ਅਤੇ ਸਮੂਹ ਅਧਿਕਾਰੀਆਂ ਅਤੇ ਕਰਮਚਾਰੀਆਂ ਨੂੰ ਅਖੰਡਤਾ ਦੀ ਸਹੁੰ ਚੁੱਕਾਈ ਗਈ।

ਉਨ੍ਹਾਂ ਅੱਗੇ ਕਿਹਾ ਕਿ ਕਰੋਨਾ ਦੀ ਮਹਾਂਮਾਰੀ ਦੌਰਾਨ ਜਿਹੜੇ ਸਰਕਾਰ ਦੁਆਰਾ ਜਾਰੀ ਕੋਵਿਡ - 19 ਦਿਸਾ-ਨਿਰਦੇਸਾਂ ਦੀ ਪਾਲਣਾ ਨਹੀਂ ਕਰ ਰਹੇ ਅਤੇ ਮਾਸਕ ਤੇ ਸੈਨੇਟਾਈਜ਼ਰ ਵੱਧ ਕੀਮਤਾਂ 'ਤੇ ਵੇਚ ਰਹੇ ਹਨ, ਉਨ੍ਹਾਂ ਵਿਰੁੱਧ ਵੀ ਕੇਸ ਦਰਜ ਕੀਤੇ ਗਏ।

ਪ੍ਰਮੁੱਖ ਕੇਸਾਂ ਦਾ ਵੇਰਵਾ ਦਿੰਦਿਆਂ ਵਿਜੀਲੈਂਸ ਬਿਊਰੋ ਮੁਖੀ ਨੇ ਦੱਸਿਆ ਕਿ ਵੀ.ਕੇ. ਵਿਰਦੀ ਡੀ.ਈ.ਟੀ.ਸੀ., ਸਿਮਰਨ ਬਰਾੜ, ਵਿਸਵਜੀਤ ਸਿੰਘ ਭੰਗੂ ਅਤੇ ਰਾਜੇਸ ਭੰਡਾਰੀ, ਹਰਿਯਾਦਵਿੰਦਰ ਸਿੰਘ ਬਾਜਵਾ, ਮਨਜੀਤ ਸਿੰਘ ਅਤੇ ਹਰਮੀਤ ਸਿੰਘ (ਸਾਰੇ ਏ.ਈ.ਟੀ.ਸੀ.) ਅਤੇ ਪਿਆਰਾ ਸਿੰਘ, ਰਵੀ ਨੰਦਨ, ਵਰੁਣ ਨਾਗਪਾਲ, ਕਾਲੀਚਰਨ, ਸਤਪਾਲ ਮੁਲਤਾਨੀ, ਵੇਦ ਪ੍ਰਕਾਸ ਜਾਖੜ, ਅਭਿਸੇਕ ਦੁੱਗਲ, ਐਚਐਸ ਸੰਧੂ, ਸੁਸੀਲ ਕੁਮਾਰ, ਜਪਸਿਮਰਨ ਸਿੰਘ, ਦਿਨੇਸ ਗੌੜ ਅਤੇ ਲਖਬੀਰ ਸਿੰਘ (ਸਾਰੇ ਈ.ਟੀ.ਓ.) ਵਿਰੁੱਧ ਟਰਾਂਸਪੋਰਟਰਾਂ ਨਾਲ ਮਿਲੀਭੁਗਤ ਰਾਹੀਂ ਟੈਕਸ ਚੋਰੀ ਕਰਵਾਉਣ ਦੇ ਸਬੰਧ ਵਿੱਚ ਮੁਕੱਦਮਾ ਦਰਜ ਕੀਤਾ ਗਿਆ।

ਇਸ ਤੋਂ ਇਲਾਵਾ, ਉਨ੍ਹਾਂ ਖੁਲਾਸਾ ਕੀਤਾ ਕਿ ਵਰਿੰਦਰਪਾਲ ਧੂਤ, ਹਰਨੇਕ ਸਿੰਘ ਅਤੇ ਰੁਪਿੰਦਰ ਕੁਮਾਰ (ਸਾਰੇ ਨਾਇਬ ਤਹਿਸੀਲਦਾਰ), ਸਿਵਲ ਹਸਪਤਾਲ ਗੁਰਦਾਸਪੁਰ ਵਿਖੇ ਤਾਇਨਾਤ ਡਾ. ਮਨਜੀਤ ਸਿੰਘ ਬੱਬਰ, ਕਾਰਜਕਾਰੀ ਇੰਜੀਨੀਅਰ ਪੀਐਸਪੀਸੀਐਲ ਜਸਵਿੰਦਰ ਪਾਲ, ਡਬਲਯੂਡਬਲਯੂਆਈਸੀਐਸ ਅਸਟੇਟ ਪ੍ਰਾਈਵੇਟ ਲਿਮਟਿਡ ਦੇ ਡਾਇਰੈਕਟਰ ਦਵਿੰਦਰ ਸਿੰਘ ਸਿੱਧੂ,

ਅਸ਼ੋਕ ਕੁਮਾਰ ਸਿੱਕਾ ਸੇਵਾਮੁਕਤ ਪੀਸੀਐਸ ਅਧਿਕਾਰੀ ਵਿਰੁੱਧ ਵੀ ਪਿਛਲੇ ਸਾਲ ਦੌਰਾਨ ਵੱਖ-ਵੱਖ ਮਾਮਲਿਆਂ ਵਿਚ ਕੇਸ ਦਰਜ ਕੀਤਾ ਗਿਆ ਸੀ।

ਉਨ੍ਹਾਂ ਦੱਸਿਆ ਕਿ ਵਿਜੀਲੈਂਸ ਬਿਊਰੋ ਨੇ ਕੋਵਿਡ -19 ਮਹਾਂਮਾਰੀ ਦੌਰਾਨ ਡੋਗਰਾ ਮੈਡੀਕੋਜ ਦੇ ਸੁਨੀਲ ਡੋਗਰਾ, ਦਿਨੇਸ ਕੁਮਾਰ ਨਵੀਨ ਮੈਡੀਕੋਜ, ਡਾਃ ਮਹਿੰਦਰ ਸਿੰਘ, ਡਾ. ਰਿਧਮ ਤੁਲੀ, ਡਾ. ਸੰਜੇ ਪਿਪਲਾਣੀ, ਡਾ. ਪੰਕਜ ਸੋਨੀ ਅਤੇ ਈਐਮਸੀ ਹਸਪਤਾਲ ਦੇ ਮਾਲਕ ਪਵਨ ਅਰੋੜਾ ਖਲਿਾਫ ਵੀ ਕੇਸ ਦਰਜ ਕੀਤੇ ਗਏ।

---------------